ਸਾਰਗ ਮਹਲਾ ੫ ॥ ਹਰਿ ਜਨ ਸਗਲ ਉਧਾਰੇ ਸੰਗ ਕੇ ॥ ਭਏ ਪੁਨੀਤ ਪਵਿਤ੍ਰ ਮਨ ਜਨਮ ਜਨਮ ਕੇ ਦੁਖ ਹਰੇ ॥੧॥ ਰਹਾਉ ॥ ਮਾਰਗਿ ਚਲੇ ਤਿਨ੍ਹੀ ਸੁਖੁ ਪਾਇਆ ਜਿਨ੍ਹ ਸਿਉ ਗੋਸਟਿ ਸੇ ਤਰੇ ॥ ਬੂਡਤ ਘੋਰ ਅੰਧ ਕੂਪ ਮਹਿ ਤੇ ਸਾਧੂ ਸੰਗਿ ਪਾਰਿ ਪਰੇ ॥੧॥ ਜਿਨ੍ਹ ਕੇ ਭਾਗ ਬਡੇ ਹੈ ਭਾਈ ਤਿਨ੍ਹ ਸਾਧੂ ਸੰਗਿ ਮੁਖ ਜੁਰੇ ॥ ਤਿਨ੍ਹ ਕੀ ਧੂਰਿ ਬਾਂਛੈ ਨਿਤ ਨਾਨਕੁ ਪ੍ਰਭੁ ਮੇਰਾ ਕਿਰਪਾ ਕਰੇ ॥ ੨॥੩॥੨੨॥ {ਪੰਨਾ 1208}

ਪਦਅਰਥ:- ਹਰਿ ਜਨ—ਹਰੀ ਦੇ ਜਨ, ਪਰਮਾਤਮਾ ਦੇ ਸੰਤ ਜਨ। ਸਗਲ—ਸਾਰੇ। ਉਧਾਰੇ—ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦੇ ਹਨ। ਸੰਗ ਕੇ—ਆਪਣੇ ਨਾਲ ਦੇ। ਪੁਨੀਤ—ਸੁੱਚੇ ਜੀਵਨ ਵਾਲੇ। ਹਰੇ—ਦੂਰ ਹੋ ਜਾਂਦੇ ਹਨ।1। ਰਹਾਉ।

ਮਾਰਗਿ—ਰਸਤੇ ਉਤੇ। ਸਿਉ—ਨਾਲ। ਗੋਸਟਿ—ਬਹਿਣ-ਖਲੋਣ, ਵਿਚਾਰ-ਵਟਾਂਦਰਾ। ਸੇ—ਉਹ ਮਨੁੱਖ {ਬਹੁ-ਵਚਨ}। ਤਰੇ—ਪਾਰ ਲੰਘ ਗਏ। ਘੋਰ ਅੰਧ ਕੂਪ ਮਹਿ—ਘੁੱਪ ਹਨੇਰੇ ਖੂਹ ਵਿਚ। ਤੇ—ਉਹ {ਬਹੁ-ਵਚਨ}। ਸਾਧੂ ਸੰਗਿ—ਸਾਧ ਸੰਗਤਿ ਵਿਚ।1।

ਭਾਈ—ਹੇ ਭਾਈ! ਤਿਨ੍ਹ ਮੁਖ—ਉਹਨਾਂ ਦੇ ਮੂੰਹ। ਜੁਰੇ—ਜੁੜਦੇ ਹਨ। ਧੂਰਿ—ਚਰਨ-ਧੂੜ। ਬਾਂਛੈ—ਮੰਗਦਾ ਹੈ।2।

ਅਰਥ:- ਹੇ ਭਾਈ! ਪਰਮਾਤਮਾ ਦੇ ਸੰਤ ਜਨ (ਆਪਣੇ) ਨਾਲ ਬੈਠਣ ਵਾਲੇ ਸਾਰਿਆਂ ਨੂੰ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦੇ ਹਨ। (ਸੰਤ ਜਨਾਂ ਦੇ ਨਾਲ ਸੰਗਤਿ ਕਰਨ ਵਾਲੇ ਮਨੁੱਖ) ਪਵਿਤ੍ਰ ਮਨ ਵਾਲੇ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ ਦੇ ਅਨੇਕਾਂ ਜਨਮਾਂ ਦੇ ਦੁੱਖ ਦੂਰ ਹੋ ਜਾਂਦੇ ਹਨ।1। ਰਹਾਉ।

ਹੇ ਭਾਈ! ਜਿਹੜੇ ਮਨੁੱਖ (ਸਾਧ ਸੰਗਤਿ ਦੇ) ਰਸਤੇ ਉਤੇ ਤੁਰਦੇ ਹਨ, ਉਹ ਸੁਖ-ਆਨੰਦ ਮਾਣਦੇ ਹਨ, ਜਿਨ੍ਹਾਂ ਨਾਲ ਸੰਤ ਜਨਾਂ ਦਾ ਬਹਿਣ-ਖਲੋਣ ਹੋ ਜਾਂਦਾ ਹੈ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ। ਜਿਹੜੇ ਮਨੁੱਖ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਖੂਹ ਵਿਚ ਡੁੱਬੇ ਰਹਿੰਦੇ ਹਨ, ਉਹ ਭੀ ਸਾਧ ਸੰਗਤਿ ਦੀ ਬਰਕਤਿ ਨਾਲ ਪਾਰ ਲੰਘ ਜਾਂਦੇ ਹਨ।1।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਵੱਡੇ ਭਾਗ (ਜਾਗਦੇ) ਹਨ, ਉਹਨਾਂ ਦੇ ਮੂੰਹ ਸਾਧ ਸੰਗਤਿ ਵਿਚ ਜੁੜਦੇ ਹਨ (ਉਹ ਮਨੁੱਖ ਸਾਧ ਸੰਗਤਿ ਵਿਚ ਸਤਸੰਗੀਆਂ ਨਾਲ ਮਿਲਦੇ ਹਨ)। ਨਾਨਕ ਉਹਨਾਂ ਦੇ ਚਰਨਾਂ ਦੀ ਧੂੜ ਸਦਾ ਮੰਗਦਾ ਹੈ (ਪਰ ਇਹ ਤਦੋਂ ਹੀ ਮਿਲ ਸਕਦੀ ਹੈ, ਜੇ) ਮੇਰਾ ਪ੍ਰਭੂ ਮਿਹਰ ਕਰੇ।2।3। 22।